ਫ਼ਿਰੋਜ਼ਪੁਰ ਅਜੀਤ 6
ਅਜੀਤ, ਬਠਿੰਡਾ
ਮੰਗਲਵਾਰ, 4 ਜਨਵਰੀ 2022

ਮਜੀਠੀਆ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਕਾਂਗਰਸ ਤੇ ਅਕਾਲੀ ਦਲ ਖੇਡ ਰਿਹਾ ਨੂਰਾ ਕੁਸ਼ਤੀ- ਗਜੇਂਦਰ ਸ਼ੇਖਾਵਤ

☛ ਚੋਣਾਂ ਦਾ ਐਲਾਨ ਹੁੰਦੇ ਹੀ ਅਵਾਮ ਦੇ ਗ਼ੁੱਸੇ ਦਾ ਚੰਨੀ ਸਰਕਾਰ ਨੂੰ ਕਰਨਾ ਪਵੇਗਾ ਸਾਹਮਣਾ ☛ 36 ਹਜ਼ਾਰ ਮੁਲਾਜ਼ਮ ਪੱਕੇ ਕਰਨ ਦੇ ਵਾਅਦੇ ਦੇ ਨਾਂਅ 'ਤੇ ਮੁਲਾਜ਼ਮਾਂ ਨਾਲ ਕੀਤਾ ਹੈ ਚੰਨੀ ਸਰਕਾਰ ਨੇ ਕੋਝਾ ਮਜ਼ਾਕ- ਅਸ਼ਵਨੀ ਸ਼ਰਮਾ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਆਗਾਮੀ ਵਿਧਾਨ ਸਭਾ ਚੋਣਾਂ ਨੂੰ ਧਿਆਨ 'ਚ ਰੱਖਦੇ ਹੋਏ 5 ਜਨਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਫ਼ਿਰੋਜ਼ਪੁਰ ਵਿਖੇ ਕੀਤੀ ਜਾ ਰਹੀ ਰੈਲੀ ਦੌਰਾਨ ਭਾਜਪਾ ਦੇ ਕੇਂਦਰੀ ਮੰਤਰੀਆਂ ਤੇ ਨੇਤਾਵਾਂ ਵਲੋਂ ਵਿਰੋਧੀ ਪਾਰਟੀਆਂ 'ਤੇ ਸ਼ਬਦੀ ਬਾਣ ਤੇਜ਼ ਕਰ ਦਿੱਤੇ ਗਏ ਹਨ, ਜਿਸ ਦੇ ਚੱਲਦੇ ਕੇਂਦਰ ਦੇ ਜਲ ਸ਼ਕਤੀ ਮੰਤਰੀ ਗਜੇਂਦਰ ਸ਼ੇਖਾਵਤ ਚੋਣ ਪ੍ਰਭਾਰੀ ਚੋਣ ਰੈਲੀ ਨੇ ਅੱਜ ਚੰਨੀ ਸਰਕਾਰ ਨੂੰ ਘੇਰਦੇ ਹੋਏ ਕਿਹਾ ਕਿ ਵਿਕਰਮ ਸਿੰਘ ਮਜੀਠੀਆ 'ਤੇ ਦਰਜ ਪਰਚਾ ਅਤੇ ਗ੍ਰਿਫ਼ਤਾਰੀ ਨਾ ਕਰਨਾ ਚੰਨੀ ਸਰਕਾਰ ਤੇ ਅਕਾਲੀ ਦਲ ਆਪਸ ਵਿਚ ਨੂਰਾ ਕੁਸ਼ਤੀ ਖੇਡ ਕੇ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰ ਰਹੇ ਹਨ, ਪਰ ਲੋਕ ਇਨ੍ਹਾਂ ਦੇ ਲਾਰਿਆਂ ਵਿਚ ਹੁਣ ਆਉਣ ਵਾਲੇ ਨਹੀਂ ਹਨ। ਉਨ੍ਹਾਂ ਕਿਹਾ ਕਿ ਚੋਣਾਂ ਦਾ ਐਲਾਨ ਹੁੰਦੇ ਹੀ ਚੰਨੀ ਸਰਕਾਰ ਨੂੰ ਅਵਾਮ ਦੇ ਗ਼ੁੱਸੇ ਦਾ ਜ਼ਬਰਦਸਤ ਸਾਹਮਣਾ ਕਰਨਾ ਪਵੇਗਾ ਤੇ ਕਾਂਗਰਸ ਨੂੰ ਵੀ ਦੂਜੀਆਂ ਸਿਆਸੀ ਪਾਰਟੀਆਂ ਤਰ੍ਹਾਂ ਭਾਰੀ ਸ਼ਿਕਸਤ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਭਾਜਪਾ ਦੇ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਚੰਨੀ ਸਰਕਾਰ 'ਤੇ ਵਰ੍ਹਦੇ ਹੋਏ ਕਿਹਾ ਕਿ 2017 ਤੋਂ ਲੈ ਕੇ ਹੁਣ ਤੱਕ ਸਰਕਾਰ ਦੇ ਸਮਾਪਤੀ ਸਮੇਂ ਦੌਰਾਨ ਸਿਰਫ਼ ਕਾਂਗਰਸ ਵਲੋਂ ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਹੀ ਕੀਤੇ ਹਨ ਤੇ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ ਹੈ, ਜਿਸ ਦੀ ਤਾਜ਼ਾ ਮਿਸਾਲ ਪੰਜਾਬ ਦੇ 36 ਹਜ਼ਾਰ ਕਰਮਚਾਰੀ ਪੱਕੇ ਕਰਨ ਵਾਲੇ ਵਾਅਦੇ ਤੋਂ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਰਮਚਾਰੀਆਂ ਦੀ ਫਾਈਲ ਚੰਨੀ ਸਰਕਾਰ ਦੀ ਨਾਲਾਇਕੀ ਕਰਕੇ ਰਾਜਪਾਲ ਨੇ ਵਾਪਸ ਫਿਰ ਭੇਜ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਅੰਦਰ ਭ੍ਰਿਸ਼ਟਾਚਾਰ ਚਰਮ ਸੀਮਾ 'ਤੇ ਹੈ ਲੋਕ ਤ੍ਰਾਹੀ-ਤ੍ਰਾਹੀ ਕਰ ਰਹੇ ਹਨ, ਪਰ ਸਰਕਾਰ ਦੇ ਮੰਤਰੀਆਂ ਨੂੰ ਸਿਵਾਏ ਸਿਆਸਤ ਕਰਨ ਤੋਂ ਹੋਰ ਕੁਝ ਨਹੀਂ ਆਉਂਦਾ ਹੈ। ਉਨ੍ਹਾਂ ਦੱਸਿਆ ਕਿ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਰ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸਿਰਕੱਢ ਆਗੂ ਭਾਜਪਾ ਵਿਚ ਸ਼ਾਮਿਲ ਹੋ ਰਹੇ ਹਨ, ਜਿਸ ਦੇ ਚੱਲਦੇ ਅੱਜ ਫ਼ਿਰੋਜ਼ਪੁਰ ਤੋਂ ਸਾਬਕਾ ਕੈਬਨਿਟ ਮੰਤਰੀ ਕਾਂਗਰਸ ਮਰਹੂਮ ਪੰਡਿਤ ਬਾਲ ਮੁਕੰਦ ਦੇ ਬੇਟੇ ਤੇ ਹਾਈਕੋਰਟ ਦੇ ਐਡਵੋਕੇਟ ਗੁਲਸ਼ਨ ਸ਼ਰਮਾ ਅਤੇ ਸਾਬਕਾ ਚੇਅਰਮੈਨ ਰਜਿੰਦਰ ਸ਼ਰਮਾ ਕਾਂਗਰਸ ਨੂੰ ਛੱਡ ਭਾਜਪਾ ਵਿਚ ਸ਼ਾਮਿਲ ਹੋ ਗਏ ਹਨ। ਇਨ੍ਹਾਂ ਦੀ ਨਿਯੁਕਤੀ ਦਾ ਸਵਾਗਤ ਸਾਬਕਾ ਕੈਬਨਿਟ ਮੰਤਰੀ ਤੇ ਕੌਮੀ ਪੱਧਰੀ ਆਗੂ ਰਾਣਾ ਗੁਰਮੀਤ ਸਿੰਘ ਸੋਢੀ ਨੇ ਸਿਰੋਪਾਓ ਪਾ ਕੇ ਕੀਤਾ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੱਗੇ ਕੇ ਪਿੱਪਲ ਆਦਿ ਹਾਜ਼ਰ ਸਨ।

ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ, ਗੁਲਸ਼ਨ ਸ਼ਰਮਾ ਤੇ ਰਜਿੰਦਰ ਸ਼ਰਮਾ ਨੂੰ ਭਾਜਪਾ ਵਿਚ ਸ਼ਾਮਿਲ ਕਰਨ ਸਮੇਂ। ਤਸਵੀਰ: ਰਾਕੇਸ਼ ਚਾਵਲਾ

ਮੰਡਲ ਫ਼ਿਰੋਜ਼ਪੁਰ ਨੇ ਟਿਕਟ ਚੈਕਿੰਗ ਰਾਹੀਂ 2.37 ਕਰੋੜ ਦੀ ਕੀਤੀ ਕਮਾਈ

ਬਿਨਾਂ ਟਿਕਟ ਸਫ਼ਰ ਕਰਨ ਵਾਲਿਆਂ ਵਿਰੁੱਧ ਹੋਵੇਗੀ ਕਾਰਵਾਈ- ਸੀਮਾ ਸ਼ਰਮਾ

ਫ਼ਿਰੋਜ਼ਪੁਰ, 3 ਜਨਵਰੀ (ਕੁਲਬੀਰ ਸਿੰਘ ਸੋਢੀ)-ਰੇਲ ਗੱਡੀਆਂ 'ਚ ਬਿਨਾਂ ਟਿਕਟ ਸਫ਼ਰ ਕਰਨ ਵਾਲੇ ਯਾਤਰੀਆਂ ਦੇ ਰੁਝਾਨ ਨੂੰ ਰੋਕਣ ਲਈ ਫ਼ਿਰੋਜ਼ਪੁਰ ਡਵੀਜ਼ਨ ਦੀ ਟਿਕਟ ਚੈਕਿੰਗ ਟੀਮ ਵਲੋਂ ਰੇਲ ਗੱਡੀਆਂ ਵਿਚ ਲਗਾਤਾਰ ਟਿਕਟਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਜਦਕਿ ਰੇਲ ਪਟੜੀ 'ਤੇ ਬੈਠੇ ਕਿਸਾਨਾਂ ਵਲੋਂ ਦਿੱਤੇ ਰੇਲ ਰੋਕੋ ਧਰਨੇ ਕਾਰਨ ਕਈ ਦਿਨਾਂ ਤੋਂ ਰੇਲ ਆਵਾਜਾਈ ਠੱਪ ਰਹੀ। ਇਸ ਦੇ ਬਾਵਜੂਦ ਡਵੀਜ਼ਨ ਦੇ ਟਿਕਟ ਚੈਕਿੰਗ ਸਟਾਫ਼ ਵਲੋਂ ਦਸੰਬਰ ਮਹੀਨੇ ਦੌਰਾਨ ਰੇਲ ਗੱਡੀਆਂ ਵਿਚ ਟਿਕਟਾਂ ਦੀ ਚੈਕਿੰਗ ਦੌਰਾਨ ਕੁਲ 34,656 ਯਾਤਰੀ ਬਿਨਾਂ ਟਿਕਟ ਸਫ਼ਰ ਕਰਦੇ ਪਾਏ ਗਏ ਤੇ ਜਿਨ੍ਹਾਂ ਤੋਂ ਕਰੀਬ 2.37 ਕਰੋੜ ਰੁਪਏ ਦਾ ਜ਼ੁਰਮਾਨਾ ਵਸੂਲਿਆ ਗਿਆ। ਮੰਡਲ ਮੈਨੇਜਰ ਨੇ ਦੱਸਿਆ ਕਿ ਟਿਕਟ ਚੈਕਿੰਗ ਅਭਿਆਨ ਰਾਹੀਂ ਫ਼ਿਰੋਜ਼ਪੁਰ ਡਵੀਜ਼ਨ ਨੇ ਸਾਲ 2021 ਦੇ ਅਪ੍ਰੈਲ ਤੋਂ ਦਸੰਬਰ ਮਹੀਨੇ ਦੌਰਾਨ ਕੁਲ 11.74 ਕਰੋੜ ਦਾ ਮਾਲੀਆ ਇਕੱਠਾ ਕੀਤਾ ਹੈ। ਉਨ੍ਹਾਂ ਯਾਤਰੀਆਂ ਨੂੰ ਸਟੇਸ਼ਨਾਂ 'ਤੇ ਗੰਦਗੀ ਫੈਲਾਉਣ ਤੋਂ ਰੋਕਣ ਤੇ ਸਫ਼ਾਈ ਪ੍ਰਤੀ ਜਾਗਰੂਕ ਕੀਤਾ ਤੇ ਦੱਸਿਆ ਕਿ ਦਸੰਬਰ ਮਹੀਨੇ ਦੌਰਾਨ ਸਟੇਸ਼ਨ 'ਤੇ ਗੰਦਗੀ ਫੈਲਾਉਣ ਵਾਲੇ 357 ਯਾਤਰੀਆਂ ਤੋਂ 61 ਹਜ਼ਾਰ ਰੁਪਏ ਦੀ ਵਸੂਲੀ (ਐਂਟੀ ਲਿਟਰਿੰਗ ਐਕਟ) ਕੀਤੀ ਗਈ। ਡਵੀਜ਼ਨਲ ਰੇਲਵੇ ਮੈਨੇਜਰ ਨੇ ਜਾਣਕਾਰੀ ਦਿੱਤੀ ਕਿ ਤਿੰਨ ਟਿਕਟ ਚੈਕਿੰਗ ਸਟਾਫ਼ ਪ੍ਰਮੋਦ ਧੀਰ ਟੀ.ਟੀ.ਆਈ. ਜਲੰਧਰ ਕੈਂਟ, ਸਤਵਿੰਦਰ ਕੌਰ ਸੀ. ਆਈ. ਟੀ. ਜਲੰਧਰ ਸਿਟੀ ਤੇ ਸੋਮਪਾਲ ਟੀ. ਟੀ. ਵਲੋਂ ਨਵੰਬਰ ਮਹੀਨੇ ਦੌਰਾਨ ਟਿਕਟ ਚੈਕਿੰਗ ਰਾਹੀਂ ਨਿੱਜੀ ਤੌਰ 'ਤੇ ਸਭ ਤੋਂ ਵੱਧ ਮਾਲੀਆ ਪ੍ਰਾਪਤ ਕਰਨ ਵਾਲਿਆਂ ਨੂੰ ਨਕਦ ਰਾਸ਼ੀ ਤੇ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਗਿਆ ਤਾਂ ਜੋ ਹੋਰ ਟਿਕਟ ਚੈਕਿੰਗ ਸਟਾਫ਼ ਵੀ ਉਨ੍ਹਾਂ ਤੋਂ ਪ੍ਰੇਰਿਤ ਹੋ ਸਕੇ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਚੇਤਨ ਤਨੇਜਾ ਨੇ ਦੱਸਿਆ ਕਿ ਬਿਨਾਂ ਟਿਕਟ ਲਏ ਯਾਤਰਾ ਨਾ ਕਰੋ। ਉਨ੍ਹਾਂ ਦੱਸਿਆ ਕਿ ਟਿਕਟ ਚੈਕਿੰਗ ਦੌਰਾਨ ਜੇਕਰ ਕੋਈ ਯਾਤਰੀ ਬਿਨਾਂ ਟਿਕਟ ਸਫ਼ਰ ਕਰਦਾ ਫੜਿਆ ਜਾਂਦਾ ਹੈ ਤਾਂ ਉਸ ਨੂੰ 250 ਰੁਪਏ ਜ਼ੁਰਮਾਨਾ ਕੀਤਾ ਜਾਵੇਗਾ। ਜ਼ੁਰਮਾਨਾ ਤੇ ਟਿਕਟ ਦਾ ਕਿਰਾਇਆ ਅਦਾ ਕਰਨਾ ਹੋਵੇਗਾ। ਜੇਕਰ ਕੋਈ ਯਾਤਰੀ ਜ਼ੁਰਮਾਨਾ ਅਦਾ ਕਰਨ ਤੋਂ ਇਨਕਾਰ ਕਰਦਾ ਹੈ ਜਾਂ ਉਸ ਕੋਲ ਜ਼ੁਰਮਾਨਾ ਅਦਾ ਕਰਨ ਲਈ ਪੈਸੇ ਨਹੀਂ ਹਨ ਤਾਂ ਉਸ ਨੂੰ ਰੇਲਵੇ ਸੁਰੱਖਿਆ ਬਲ (ਆਰ.ਪੀ.ਐੱਫ) ਦੇ ਹਵਾਲੇ ਕਰ ਦਿੱਤਾ ਜਾਂਦਾ ਹੈ ਤੇ ਉਸ ਵਿਰੁੱਧ ਰੇਲਵੇ ਐਕਟ ਦੀ ਧਾਰਾ 137 ਤਹਿਤ ਕੇਸ ਦਰਜ ਕੀਤਾ ਜਾਂਦਾ ਹੈ, ਫਿਰ ਯਾਤਰੀ ਨੂੰ ਮੈਜਿਸਟ੍ਰੇਟ ਦੇ ਸਾਹਮਣੇ ਪੇਸ਼ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਡਵੀਜ਼ਨ ਵਿਚ ਟਿਕਟ ਚੈਕਿੰਗ ਮੁਹਿੰਮ ਜਾਰੀ ਰਹੇਗੀ।

ਟਿਕਟ ਚੈਕਿੰਗ ਰਾਹੀਂ ਵੱਧ ਮਾਲੀਆ ਪ੍ਰਾਪਤ ਕਰਨ ਵਾਲਿਆਂ ਨੂੰ ਨਕਦ ਰਾਸ਼ੀ ਤੇ ਪ੍ਰਸ਼ੰਸਾ ਪੱਤਰ ਦੇਣ ਸਮੇਂ ਮੰਡਲ ਮੈਨੇਜਰ ਸੀਮਾ ਸ਼ਰਮਾ। ਅਜੀਤ ਤਸਵੀਰ

ਕਮਿਊਨਿਟੀ ਹੈਲਥ ਸੈਂਟਰ 'ਚ ਆਪਣੀਆਂ ਮੰਗਾਂ ਨੂੰ ਲੈ ਕੇ ਧਰਨਾ ਲਗਾ ਕੇ ਬੈਠੇ ਸਿਹਤ ਵਿਭਾਗ ਦੇ ਕਰਮਚਾਰੀ। ਤਸਵੀਰ-ਕੰਧਾਰੀ, ਸੰਧੂ

ਮੰਗਾਂ ਨੂੰ ਲੈ ਕੇ ਸਿਹਤ ਵਿਭਾਗ ਦੇ ਕਰਮਚਾਰੀਆਂ ਵਲੋਂ ਨਾਅਰੇਬਾਜ਼ੀ

ਗੁਰੂਹਰਸਹਾਏ, 3 ਜਨਵਰੀ (ਕਪਿਲ ਕੰਧਾਰੀ, ਹਰਚਰਨ ਸਿੰਘ ਸੰਧੂ)-ਜੁਆਇੰਟ ਐਕਸ਼ਨ ਕਮੇਟੀ ਸਿਹਤ ਵਿਭਾਗ ਦੇ ਸੱਦੇ ਅਨੁਸਾਰ ਪਿਛਲੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਆਪਣੀਆਂ ਮੰਗਾਂ ਨੂੰ ਲੈ ਕੇ ਸਿਹਤ ਵਿਭਾਗ ਦੇ ਕਰਮਚਾਰੀਆਂ ਵਲੋਂ ਕਮਿਊਨਿਟੀ ਹੈਲਥ ਸੈਂਟਰ ਗੁਰੂਹਰਸਹਾਏ ਵਿਖੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਮੁਲਾਜ਼ਮਾਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਉਹ ਕਮਿਊਨਿਟੀ ਹੈਲਥ ਸੈਂਟਰ ਵਿਖੇ ਧਰਨੇ 'ਤੇ ਬੈਠੇ ਹਨ, ਪਰ ਸਰਕਾਰ ਵਲੋਂ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਦੇ ਚੱਲਦਿਆਂ ਉਨ੍ਹਾਂ ਵਿਚ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਦੀਆਂ ਮੰਗਾਂ ਜਿਵੇਂ ਕਿ ਸਰਕਾਰ ਵਲੋਂ ਕੱਚੇ ਮੁਲਾਜਮਾਂ ਨੂੰ ਪੱਕੇ ਕੀਤੇ ਜਾਣ, ਮੁਲਾਜਮਾਂ ਦੇ ਕੱਟੇ ਹੋਏ ਭੱਤੇ ਬਹਾਲ ਕਰਨ ਤੇ ਲੰਗੜੇ ਪੇ ਕਮਿਸ਼ਨ ਸੰਬੰਧੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਜਸਵਿੰਦਰ ਸਿੰਘ, ਪ੍ਰੀਤਮ ਸਿੰਘ, ਗੁਰਮੀਤ ਸਿੰਘ, ਸਤੀਸ਼ ਕੁਮਾਰ, ਨਰਿੰਦਰ ਸਿੰਘ, ਗੁਰਦੇਵ ਸਿੰਘ, ਲਖਵਿੰਦਰ ਸਿੰਘ, ਰਾਜ ਕੁਮਾਰ, ਸੀਮਾ ਗਿਰਧਰ, ਗਗਨਪ੍ਰੀਤ ਕੌਰ, ਕ੍ਰਿਸ਼ਨਾ ਦੇਵੀ ਤੇ ਹਰਜੀਤ ਕੌਰ ਆਦਿ ਨੇ ਸੰਬੋਧਨ ਕੀਤਾ।

ਕੋਰੋਨਾ ਦੇ ਮਿਲੇ ਚਾਰ ਹੋਰ ਮਾਮਲੇ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਕੋਰੋਨਾ ਮਹਾਂਮਾਰੀ ਨੇ ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਅੰਦਰ ਪੈਰ ਪਸਾਰਦੇ ਹੋਏ ਚਾਰ ਹੋਰ ਵਿਅਕਤੀਆਂ ਨੂੰ ਆਪਣੀ ਲਪੇਟ 'ਚ ਲੈ ਲਿਆ, ਜਿਸ ਦੀ ਪੁਸ਼ਟੀ ਸਿਹਤ ਵਿਭਾਗ ਵਲੋਂ ਕਰ ਦਿੱਤੀ ਗਈ ਹੈ। ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਕੋਰੋਨਾ ਦੇ ਖ਼ਾਤਮੇ ਲਈ ਸ਼ੱਕੀ ਵਿਅਕਤੀਆਂ ਦੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵਿੱਢੇ ਟੈਸਟ ਕਰਨ ਦੀ ਮੁਹਿੰਮ ਤਹਿਤ ਜ਼ਿਲ੍ਹੇ ਭਰ 'ਚ 144 ਸ਼ੱਕੀ ਵਿਅਕਤੀਆਂ ਦੀ ਕੋਰੋਨਾ ਟੈਸਟ ਲਏ ਗਏ, ਜਿਨ੍ਹਾਂ ਵਿਚੋਂ ਪ੍ਰਾਪਤ ਹੋਈਆਂ ਰਿਪੋਰਟਾਂ 'ਚ ਚਾਰ ਜਣਿਆਂ ਦੀ ਰਿਪੋਰਟ ਕੋਰੋਨਾ ਪ੍ਰਭਾਵਿਤ ਪਾਈ ਗਈ। ਉਨ੍ਹਾਂ ਦੱਸਿਆ ਕਿ ਹੁਣ ਐਕਟਿਵ ਕੋਰੋਨਾ ਮਰੀਜ਼ਾਂ ਦੀ ਗਿਣਤੀ ਸੱਤ ਹੋ ਗਈ ਹੈ, ਜੋ ਜ਼ਿਲ੍ਹਾ ਤੇ ਜ਼ਿਲ੍ਹੇ ਤੋਂ ਬਾਹਰ ਦੇ ਹਸਪਤਾਲਾਂ ਤੋਂ ਇਲਾਜ ਲੈ ਰਹੇ ਹਨ, ਜਿਨ੍ਹਾਂ ਦੀ ਸਿਹਤ ਬਿਲਕੁਲ ਠੀਕ ਹੈ।

ਰੈਲੀ ਨੂੰ ਲੈ ਕੇ ਪੁਲਿਸ ਜਵਾਨਾਂ ਨੂੰ ਨਿਰਦੇਸ਼ ਦਿੰਦੇ ਹੋਏ ਅਧਿਕਾਰੀ। (ਸੱਜੇ) ਖ਼ੋਜੀ ਕੁੱਤੇ ਤੇ ਬੰਬ ਰੋਧਕ ਦਸਤੇ ਰੈਲੀ ਵਾਲੀ ਥਾਂ ਦਾ ਨਿਰੀਖਣ ਕਰਦੇ ਹੋਏ। ਤਸਵੀਰਾਂ : ਰਾਕੇਸ਼ ਚਾਵਲਾ

ਪ੍ਰਧਾਨ ਮੰਤਰੀ ਦੀ 5 ਨੂੰ ਹੋਣ ਵਾਲੀ ਰੈਲੀ ਦੇ ਮੱਦੇਨਜ਼ਰ ਚੱਪੇ-ਚੱਪੇ 'ਤੇ ਫੋਰਸ ਤਾਇਨਾਤ

ਖ਼ੋਜੀ ਕੁੱਤਿਆਂ ਤੇ ਬੰਬ ਰੋਧਕ ਦਸਤਿਆਂ ਵਲੋਂ ਰੈਲੀ ਵਾਲੀ ਥਾਂ ਦਾ ਨਿਰੀਖਣ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫ਼ਿਰੋਜ਼ਪੁਰ ਵਿਖੇ 5 ਜਨਵਰੀ ਨੂੰ ਹੋਣ ਵਾਲੀ ਰੈਲੀ ਦੇ ਮੱਦੇਨਜ਼ਰ ਸੁਰੱਖਿਆ ਦੇ ਬੰਦੋਬਸਤ ਕਰੜੇ ਕਰ ਦਿੱਤੇ ਗਏ ਹਨ। ਲੁਧਿਆਣਾ-ਫ਼ਿਰੋਜ਼ਪੁਰ ਮੁੱਖ ਮਾਰਗ 'ਤੇ ਸਰਕਟ ਹਾਊਸ ਦੇ ਨਾਲ ਲੱਗਦੀ ਜਗ੍ਹਾ 'ਤੇ ਹੋਣ ਵਾਲੀ ਰੈਲੀ ਦੇ ਆਉਣ-ਜਾਣ ਵਾਲਿਆਂ ਰਸਤਿਆਂ ਦੇ ਚੱਪੇ-ਚੱਪੇ 'ਤੇ ਪੈਰਾ ਮਿਲਟਰੀ ਫੋਰਸ ਤੇ ਪੰਜਾਬ ਪੁਲਿਸ ਦੀਆਂ ਟੀਮਾਂ ਦਿਨ-ਰਾਤ ਪਹਿਰਾ ਦੇ ਰਹੀਆਂ ਹਨ। ਕਰੀਬ 30 ਏਕੜ 'ਚ ਫੈਲੇ ਰੈਲੀ ਵਾਲੇ ਸਥਾਨ 'ਤੇ ਭਾਜਪਾ ਵਲੋਂ 5 ਲੱਖ ਵਿਅਕਤੀਆਂ ਦੀ ਸ਼ਮੂਲੀਅਤ ਦਾ ਦਾਅਵਾ ਕੀਤਾ ਜਾ ਰਿਹਾ ਹੈ, ਜਿਸ ਕਰਕੇ ਵਿਸ਼ਾਲ ਨੁਮਾ ਪੰਡਾਲ ਤੇ ਕੁਰਸੀਆਂ ਦਾ ਇੰਤਜ਼ਾਮ ਕੀਤਾ ਗਿਆ ਹੈ। ਮੌਕੇ 'ਤੇ ਜਾ ਕੇ ਵੇਖਣ 'ਤੇ ਪਤਾ ਲੱਗਿਆ ਕਿ ਪ੍ਰਧਾਨ ਮੰਤਰੀ ਵਾਸਤੇ ਹੈਲੀਪੈਡ ਦਾ ਇੰਤਜ਼ਾਮ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕਰੀਬ ਦੋ ਦਰਜਨ ਖ਼ੋਜੀ ਕੁੱਤੇ ਤੇ ਬੰਬ ਰੋਧਕ ਦਸਤਿਆਂ ਰਾਹੀਂ ਰੈਲੀ ਵਾਲੀ ਜਗ੍ਹਾ 'ਤੇ ਖੋਜ ਅਭਿਆਨ ਸ਼ੁਰੂ ਕੀਤਾ ਗਿਆ ਹੈ। ਰੈਲੀ ਸਥਾਨ ਅੰਦਰ ਦਾਖ਼ਲ ਹੋਣ ਵਾਲੇ ਗੇਟ ਤੇ ਰੈਲੀ ਵਿਚ ਬੈਠਣ ਵਾਲੇ ਸਥਾਨ ਉੱਪਰ ਨਿਗਰਾਨੀ ਲਈ ਸਿਵਲ ਵਰਦੀ ਵਿਚ ਵੀ ਫੋਰਸ ਦੀ ਤਾਇਨਾਤੀ ਕੀਤੀ ਗਈ। ਇਸ ਤੋਂ ਇਲਾਵਾ ਔਰਤਾਂ ਲਈ ਮਹਿਲਾ ਪੁਲਿਸ ਬਲ ਦੀ ਤਾਇਨਾਤੀ ਵੀ ਕੀਤੀ ਗਈ ਹੈ।

ਮੋਟਰਸਾਈਕਲ ਦਰੱਖਤ ਚ ਵੱਜਣ ਨਾਲ ਇਕ ਦੀ ਮੌਤ

ਆਰਿਫ਼ ਕੇ, 3 ਜਨਵਰੀ (ਬਲਬੀਰ ਸਿੰਘ ਜੋਸਨ)-ਪੁਲਿਸ ਥਾਣਾ ਆਰਿਫ਼ ਕੇ ਦੇ ਅਧੀਨ ਪੈਂਦੇ ਪਿੰਡ ਢੋਲੇਵਾਲ ਦੇ ਨਜ਼ਦੀਕ ਇਕ ਨੌਜਵਾਨ ਦਾ ਮੋਟਰਸਾਈਕਲ ਦਰੱਖਤ ਨਾਲ ਵੱਜਣ ਕਾਰਨ ਮੌਕੇ 'ਤੇ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਪਿੰਡ ਟੱਲੀ ਦੇ ਨੌਜਵਾਨ ਰਾਜਬੀਰ ਸਿੰਘ (18) ਪੁੱਤਰ ਸਲਵਿੰਦਰ ਸਿੰਘ ਛਿੰਦਾ ਆਪਣੇ ਕਿਸੇ ਰਿਸ਼ਤੇਦਾਰ ਨੂੰ ਆਰਿਫ਼ ਕੇ ਦੇ ਮੇਨ ਅੱਡੇ 'ਤੇ ਛੱਡ ਕੇ ਵਾਪਸ ਪਿੰਡ ਨੂੰ ਜਾ ਰਿਹਾ ਸੀ ਜਦੋਂ ਉਹ ਪਿੰਡ ਢੋਲੇਵਾਲਾ ਤੋਂ ਚੁਗੱਤੇ ਵਾਲਾ ਨੂੰ ਜਾਂਦੀ ਮੇਨ ਸੜਕ ਦੇ ਮੋੜ ਕੋਲ ਪਹੁੰਚਿਆ ਤਾਂ ਉਸ ਦੇ ਮੋਟਰਸਾਈਕਲ ਦਾ ਟਾਇਰ ਫਟ ਜਾਣ ਕਾਰਨ ਮੋਟਰਸਾਈਕਲ ਬੇਕਾਬੂ ਹੋ ਕੇ ਦਰੱਖਤ 'ਚ ਜਾ ਵੱਜਾ, ਜਿਸ ਕਾਰਨ ਨੌਜਵਾਨ ਰਾਜਬੀਰ ਸਿੰਘ ਦੀ ਮੌਕੇ 'ਤੇ ਮੌਤ ਹੋ ਗਈ। ਘਟਨਾ ਦਾ ਪਤਾ ਚਲਦੇ ਸਾਰ ਹੀ ਪੁਲਿਸ ਥਾਣਾ ਆਰਿਫ਼ ਕੇ ਦੀ ਟੀਮ ਮੌਕੇ 'ਤੇ ਪਹੁੰਚੀ ਤੇ ਲਾਸ਼ ਨੂੰ ਕਬਜ਼ੇ 'ਚ ਲੈ ਲਿਆ, ਪਰ ਮ੍ਰਿਤਕ ਰਾਜਬੀਰ ਸਿੰਘ ਦੇ ਵਾਰਸਾਂ ਵਲੋਂ ਕੋਈ ਕਾਰਵਾਈ ਨਾ ਕਰਵਾਉਣ ਕਾਰਨ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

ਰਾਜਬੀਰ ਸਿੰਘ ਦੀ ਫਾਈਲ ਤਸਵੀਰ

ਪ੍ਰਧਾਨ ਮੰਤਰੀ ਦਾ ਦੌਰਾ ਪੰਜਾਬੀਆਂ ਲਈ ਵਿਕਾਸ ਤੇ ਖ਼ੁਸ਼ਹਾਲੀ ਦੇ ਰਾਹ ਖੋਲ੍ਹੇਗਾ- ਪਤਲੀ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-ਸਰਹੱਦੀ ਜ਼ਿਲ੍ਹਾ ਫ਼ਿਰੋਜ਼ਪੁਰ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ ਨਾਲ ਇਸ ਖੇਤਰ ਦੇ ਵਿਕਾਸ ਨੂੰ ਗਤੀ ਮਿਲੇਗੀ, ਜਦਕਿ ਕੇਂਦਰ ਸਰਕਾਰ ਵਲੋਂ ਪੀ.ਜੀ.ਆਈ. ਸੈਟੇਲਾਈਟ (ਹਸਪਤਾਲ) ਬਣਾਏ ਜਾਣ ਨਾਲ ਇਸ ਖੇਤਰ ਦੇ ਲੋਕਾਂ ਨੂੰ ਵੱਡੀ ਸਿਹਤ ਮਿਲਣ ਦਾ ਰਾਹ ਪੱਧਰਾ ਹੋ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਮੰਡਲ ਫ਼ਿਰੋਜ਼ਸ਼ਾਹ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਤਲੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੰਜਾਬ ਦੌਰਾ ਸੂਬੇ ਦੇ ਵਿਕਾਸ ਅਤੇ ਪੰਜਾਬੀਆਂ ਦੀ ਖ਼ੁਸ਼ਹਾਲੀ ਦੇ ਰਾਹ ਖੋਲ੍ਹੇਗਾ। ਇਸ ਮੌਕੇ ਸੁਖਮੰਦਰ ਸਿੰਘ ਮਿਸ਼ਰੀ ਵਾਲਾ, ਲਖਵਿੰਦਰ ਸਿੰਘ ਕਰਮੂਵਾਲਾ, ਗੁਰਚਰਨ ਸਿੰਘ, ਹਰਪ੍ਰੀਤ ਸਿੰਘ ਰੱਤਾ ਖੇੜਾ, ਰੇਸ਼ਮ ਸਿੰਘ ਲੋਹਾਮ, ਮਨਜੀਤ ਸਿੰਘ, ਪਾਲਾ ਸਿੰਘ ਫਿੱਡੇ ਤੇ ਗੁਰਨਾਮ ਸਿੰਘ ਮੁੱਦਕੀ ਆਦਿ ਮੌਜੂਦ ਸਨ।

ਮੰਗਾਂ ਦੀ ਪੂਰਤੀ ਲਈ ਭੁੱਖ ਹੜਤਾਲ 'ਤੇ ਬੈਠੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਮਲਟੀਪਰਪਜ਼ ਹੈਲਥ ਵਰਕਰਜ਼। ਅਜੀਤ ਤਸਵੀਰ

ਮੰਗਾਂ ਦੀ ਪੂਰਤੀ ਲਈ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਵਲੋਂ ਭੁੱਖ ਹੜਤਾਲ

ਫ਼ਿਰੋਜ਼ਪੁਰ, 3 ਜਨਵਰੀ (ਜਸਵਿੰਦਰ ਸਿੰਘ ਸੰਧੂ)-ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਸੂਬਾ ਪੱਧਰੀ ਭੁੱਖ ਹੜਤਾਲ ਦੇ ਸੱਦੇ 'ਤੇ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ ਵਲੋਂ ਨਰਿੰਦਰ ਸ਼ਰਮਾ ਦੀ ਅਗਵਾਈ ਹੇਠ ਮਲਟੀਪਰਪਜ਼ ਹੈਲਥ ਕਾਮੇ ਭੁੱਖ ਹੜਤਾਲ 'ਤੇ ਬੈਠੇ, ਜਿਸ ਵਿਚ ਸਤਯੋਗ ਸਿੰਘ, ਅਵਤਾਰ ਸਿੰਘ ਕੱਸੋਆਣਾ, ਅਰਵਿੰਦਰ ਸਿੰਘ, ਗੁਰਦੇਵ ਸਿੰਘ ਫ਼ਿਰੋਜ਼ਸ਼ਾਹ, ਕੁਲਵਿੰਦਰ ਸਿੰਘ, ਗੁਰਮੀਤ ਕੌਰ ਐਲ.ਐਚ.ਵੀ. ਪਰਮਜੀਤ ਕੌਰ ਗੁਰੂਹਰਸਹਾਏ, ਸੁਖਚੈਨ ਕੌਰ ਗੁਰੂਹਰਸਹਾਏ, ਅੰਜੂ ਗੁਰੂਹਰਸਹਾਏ, ਕ੍ਰਿਸਟੀਨਾ ਗੁਰੂਹਰਸਹਾਏ, ਬਲਵਿੰਦਰ ਕੌਰ, ਰਣਜੀਤ ਕੌਰ ਆਦਿ ਨੇ ਵੱਧ-ਚੜ੍ਹ ਕੇ ਸ਼ਮੂਲੀਅਤ ਕੀਤੀ ਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਅਖੀਰ ਵਿਚ ਪੈਰਾ ਮੈਡੀਕਲ ਸਿਹਤ ਕਰਮਚਾਰੀ ਦੇ ਪ੍ਰਧਾਨ ਸੁਨੀਲ ਜੈਂਡਰ ਤੇ ਕਲਾਸ ਫੋਰ ਯੂਨੀਅਨ ਦੇ ਪ੍ਰਧਾਨ ਰਾਮ ਪ੍ਰਸ਼ਾਦ ਨੇ ਮਲਟੀਪਰਪਜ਼ ਹੈਲਥ ਵਰਕਰਾਂ ਦੀਆਂ ਮੰਗਾਂ ਜਾਇਜ਼ ਦੱਸਦੇ ਹੋਏ ਸਰਕਾਰ ਨੂੰ ਅਪੀਲ ਕੀਤੀ ਕਿ ਜਲਦੀ ਤੋਂ ਜਲਦੀ ਇਨ੍ਹਾਂ ਦੀਆਂ ਮੰਗਾਂ ਮੰਨੀਆਂ ਜਾਣ। ਇਸ ਮੌਕੇ ਜੋਗਿੰਦਰ ਸਿੰਘ, ਨਰਿੰਦਰ ਸਿੰਘ, ਰੌਬਿਨ, ਜਸਵਿੰਦਰ ਸਿੰਘ, ਹਰਬੰਸ ਸਿੰਘ, ਕੁਲਵੰਤ ਸਿੰਘ, ਗੁਰਪ੍ਰੀਤ ਕੌਰ, ਡਾ: ਯੁਵਰਾਜ ਨਾਰੰਗ ਤੇ ਡਾ: ਲਲਿਤ ਆਦਿ ਮੌਜੂਦ ਸਨ।

ਪਿੰਡ ਇਲਮੇਵਾਲਾ ਦੇ 10 ਪਰਿਵਾਰ 'ਆਪ' 'ਚ ਸ਼ਾਮਿਲ

ਇਲਮੇਵਾਲਾ ਦੇ 10 ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੁੰਦੇ ਹੋਏ। ਤਸਵੀਰ : ਜੋਸਨ

ਆਰਿਫ਼ ਕੇ/ਮੱਲਾਂਵਾਲਾ, 3 ਜਨਵਰੀ (ਬਲਬੀਰ ਸਿੰਘ ਜੋਸਨ, ਗੁਰਦੇਵ ਸਿੰਘ, ਸੁਰਜਨ ਸਿੰਘ ਸੰਧੂ)-ਰਵਾਇਤੀ ਪਾਰਟੀਆਂ ਤੋਂ ਅੱਕੇ ਲੋਕ ਵਿਧਾਨ ਸਭਾ ਦੀਆਂ ਚੋਣਾਂ ਨਜ਼ਦੀਕ ਆਉਂਦੇ ਆਮ ਆਦਮੀ ਪਾਰਟੀ ਦਾ ਪੱਲਾ ਫੜਨ ਲੱਗੇ ਹਨ। ਸ਼ਹਿਰੀ ਹਲਕੇ ਦੇ ਪਿੰਡ ਇਲਮੇਵਾਲਾ ਦੇ 10 ਪਰਿਵਾਰ ਰਣਬੀਰ ਸਿੰਘ ਭੁੱਲਰ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ। ਇਸ ਦੌਰਾਨ ਬਲਦੇਵ ਸਿੰਘ ਉਸਮਾਨ ਵਾਲਾ ਦੀ ਹਾਜ਼ਰੀ ਵਿਸ਼ੇਸ਼ ਰਹੀ। ਪਾਰਟੀ 'ਚ ਸ਼ਾਮਿਲ ਕਰਨ ਮੌਕੇ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ, ਜਿਸ ਵਿਚ ਸਮੂਹ ਵਰਗਾਂ ਨੂੰ ਮਾਨ ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਾਮਿਲ ਹੋਏ ਪਰਿਵਾਰਾਂ ਦੇ ਸਹਿਯੋਗ ਨਾਲ ਆਗਾਮੀ ਵਿਧਾਨ ਸਭਾ ਚੋਣਾਂ 'ਚ ਜਿੱਤ ਪ੍ਰਾਪਤ ਕਰਕੇ ਇਲਾਕੇ ਦਾ ਸਰਵਪੱਖੀ ਵਿਕਾਸ ਕਰਵਾਉਣਗੇ ਤੇ ਪੰਜਾਬ ਨੂੰ ਫਿਰ ਤੋਂ ਖ਼ੁਸ਼ਹਾਲ ਬਣਾਉਣਗੇ। ਇਸ ਮੌਕੇ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੇ ਕਿਹਾ ਕਿ ਉਹ ਰਵਾਇਤੀ ਪਾਰਟੀਆਂ ਦੀਆਂ ਲੋਕ ਮਾਰੂ ਨੀਤੀਆਂ ਤੋਂ ਦੁਖੀ ਹਨ ਤੇ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਤਿਆਰ ਬੈਠੇ ਹਨ। ਇਸ ਮੌਕੇ ਬਾਬਾ ਬਲਕਾਰ ਸਿੰਘ, ਦਰਸ਼ਨ ਸਿੰਘ ਵਿਰਕ, ਦਰਸ਼ਨ ਸਿੰਘ ਆੜ੍ਹਤੀ, ਪਰਮਜੀਤ ਸਿੰਘ ਵਿਰਕ, ਗੁਰਨਾਮ ਸਿੰਘ ਭੱਠੇ ਵਾਲਾ, ਕਰਨੈਲ ਸਿੰਘ, ਜੁਗਰਾਜ ਸਿੰਘ ਗੁਰੂ ਮਾਟੀਆ, ਰਛਪਾਲ ਸਿੰਘ ਭੁੱਲਰ, ਬਲਜੀਤ ਸਿੰਘ ਵਿਰਕ ਨੇ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੁੰਦੇ ਕਿਹਾ ਕਿ ਉਹ ਰਵਾਇਤੀ ਪਾਰਟੀਆਂ ਤੋਂ ਤੰਗ ਆ ਚੁੱਕੇ ਹਨ ਤੇ ਇਸ ਵਾਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਦੀ ਖ਼ੁਸ਼ਹਾਲੀ ਲਈ ਸਿਰਫ਼ ਆਮ ਆਦਮੀ ਪਾਰਟੀ ਹੀ ਆਸ ਦੀ ਕਿਰਨ ਬਚੀ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜਨਮੇਜਾ ਸਿੰਘ ਸੇਖੋਂ ਸਾਬਕਾ ਮੰਤਰੀ ਪੰਜਾਬ। ਤਸਵੀਰ : ਪ੍ਰਤਾਪ ਸਿੰਘ ਹੀਰਾ

ਕਾਂਗਰਸ ਬਦਲਾਖੋਰੀ ਦੀ ਸਿਆਸਤ ਕਰ ਰਹੀ ਹੈ- ਸੇਖੋਂ

ਜ਼ੀਰਾ, 3 ਜਨਵਰੀ (ਜੋਗਿੰਦਰ ਸਿੰਘ ਕੰਡਿਆਲ)-ਸੱਤਾਧਾਰੀ ਧਿਰ ਤੇ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਸੂਬੇ ਦੇ ਲੋਕਾਂ ਲਈ ਭਲਾਈ ਦੇ ਕੰਮ ਕਰੇ, ਪਰ ਅਫ਼ਸੋਸ ਕਿ ਪੰਜਾਬ ਦੀ ਸੱਤਾ 'ਤੇ ਕਾਬਜ਼ ਕਾਂਗਰਸ ਪਾਰਟੀ ਇਸ ਦੀ ਬਜਾਏ ਬਦਲਾਖੋਰੀ ਦੀ ਸਿਆਸਤ ਕਰ ਰਹੀ ਹੈ। ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਅਕਾਲੀ ਆਗੂ ਜਨਮੇਜਾ ਸਿੰਘ ਸੇਖੋਂ ਸਾਬਕਾ ਮੰਤਰੀ ਪੰਜਾਬ ਤੇ ਉਮੀਦਵਾਰ ਹਲਕਾ ਜ਼ੀਰਾ ਨੇ ਪੱਤਰਕਾਰਾਂ ਨਾਲ ਕਰਦਿਆਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ 'ਤੇ ਪਰਚਾ ਦਰਜ ਕਰਨਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ, ਜਿਸ ਨੂੰ ਅੰਜਾਮ ਦੇਣ ਲਈ ਸੂਬਾ ਸਰਕਾਰ ਨੂੰ ਡੀ.ਜੀ.ਪੀ ਤੱਕ ਬਦਲਣੇ ਪਏ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਅਜਿਹੀਆਂ ਕਾਰਵਾਈਆਂ ਨਾਲ ਲੋਕਤੰਤਰ ਨੂੰ ਦਬਾਉਣਾ ਚਾਹੁੰਦੀ ਹੈ, ਪਰ ਸਾਨੂੰ ਨਿਆਂ ਪਾਲਿਕਾ ਤੇ ਪੰਜਾਬ ਦੇ ਲੋਕਾਂ 'ਤੇ ਪੂਰਨ ਭਰੋਸਾ ਹੈ। ਇਸ ਮੌਕੇ ਚੇਅਰਮੈਨ ਪਿਆਰਾ ਸਿੰਘ ਸਭਰਾਂ, ਬਲਵਿੰਦਰ ਸਿੰਘ ਭੁੱਲਰ ਮੱਲਾਂਵਾਲਾ, ਚੇਅਰਮੈਨ ਕੁਲਦੀਪ ਸਿੰਘ ਵਿਰਕ, ਸੁਖਦੇਵ ਸਿੰਘ ਲੌਂਹਕਾ, ਬਖ਼ਸ਼ੀਸ਼ ਸਿੰਘ ਮਸਤੇਵਾਲਾ, ਜਗੀਰ ਸਿੰਘ ਭੁੱਲਰ, ਜਸਵੰਤ ਸਿੰਘ ਸੰਧੂ, ਲਾਡੀ ਸਰਪੰਚ ਨੂਰਪੁਰ, ਗੁਰਬਖ਼ਸ਼ ਸਿੰਘ ਸੇਖੋਂ ਫੈਡਰੇਸ਼ਨ ਆਗੂ, ਸਰਪੰਚ ਸਾਰਜ ਸਿੰਘ, ਗੁਰਮੀਤ ਸਿੰਘ, ਕਾਰਜ ਸਿੰਘ ਮੱਲੂਵਾਲਾ, ਬਲਜਿੰਦਰ ਸਿੰਘ ਜਾਖੜ, ਅੰਗਰੇਜ਼ ਸਿੰਘ ਬੂਟੇ ਵਾਲਾ, ਜਗਰਾਜ ਸਿੰਘ ਪੀਰ ਮੁਹੰਮਦ, ਜਸਪਾਲ ਸਿੰਘ ਤਲਵੰਡੀ ਨੇਪਾਲਾਂ, ਜਸਵਿੰਦਰ ਸਿੰਘ ਸਾਧੂ ਵਾਲਾ ਤੇ ਹੋਰ ਹਾਜ਼ਰ ਸਨ।

ਪ੍ਰਸ਼ਾਸਨ ਵਲੋਂ ਪਾਬੰਦੀ ਦੇ ਹੁਕਮ ਜਾਰੀ

ਫ਼ਿਰੋਜ਼ਪੁਰ, 3 ਜਨਵਰੀ (ਤਪਿੰਦਰ ਸਿੰਘ)-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਪੀ.ਜੀ.ਆਈ. ਸੈਟੇਲਾਈਟ ਦੇ ਉਦਘਾਟਨ ਸਬੰਧੀ ਆਮਦ 'ਤੇ ਜ਼ਿਲ੍ਹਾ ਮੈਜਿਸਟਰੇਟ ਦਵਿੰਦਰ ਸਿੰਘ ਵਲੋਂ ਜ਼ਿਲ੍ਹੇ ਵਿਚ ਵੀ.ਵੀ.ਆਈ.ਪੀ. ਦੀ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਹੁਸੈਨੀਵਾਲਾ ਸਤਲੁਜ ਦਰਿਆ ਤੇ ਫ਼ਿਰੋਜ਼ਪੁਰ-ਮੋਗਾ ਰੋਡ 'ਤੇ ਪੈਂਦੀਆਂ ਨਹਿਰਾਂ ਵਿਚ ਨਹਾਉਣ ਤੇ ਮੱਛੀਆਂ ਫੜਨ 'ਤੇ ਪਾਬੰਦੀ ਲਗਾਈ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਦਵਿੰਦਰ ਸਿੰਘ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਭਾਰਤ ਸਰਕਾਰ 5 ਜਨਵਰੀ ਨੂੰ ਫ਼ਿਰੋਜ਼ਪੁਰ ਵਿਖੇ ਪੀ.ਜੀ.ਆਈ. ਸੈਟੇਲਾਈਟ ਦਾ ਉਦਘਾਟਨ ਕਰਨ ਆ ਰਹੇ ਹਨ ਤੇ ਉਨ੍ਹਾਂ ਵਲੋਂ ਫ਼ਿਰੋਜ਼ਪੁਰ ਵਿਖੇ ਰੈਲੀ ਨੂੰ ਵੀ ਸੰਬੋਧਿਤ ਕੀਤਾ ਜਾਵੇਗਾ। ਇਸ ਸਮਾਰੋਹ ਵਿਚ ਪ੍ਰਧਾਨ ਮੰਤਰੀ ਭਾਰਤ ਸਰਕਾਰ ਦੇ ਨਾਲ ਵੀ.ਵੀ.ਆਈ.ਪੀ./ਵੀ.ਆਈ.ਪੀ. ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ। ਵੀ.ਵੀ.ਆਈ.ਪੀ. ਦੀ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਉਕਤ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਇਹ ਹੁਕਮ ਬੀ.ਐੱਸ.ਐਫ ਅਤੇ ਆਰਮੀ ਅਥਾਰਿਟੀ 'ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ 6 ਜਨਵਰੀ 2022 ਤੱਕ ਲਾਗੂ ਰਹੇਗਾ।

ਪਿੰਡ ਵਾੜਾ ਭਾਈ ਕਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੀ ਅਗਵਾਈ ਕਰਦੇ ਪੰਜ ਪਿਆਰੇ। ਤਸਵੀਰ: ਕੁਲਜਿੰਦਰ ਸਿੰਘ ਗਿੱਲ

ਪਿੰਡ ਵਾੜਾ ਭਾਈ ਕਾ ਵਿਖੇ ਨਗਰ ਕੀਰਤਨ ਸਜਾਇਆ

ਤਲਵੰਡੀ ਭਾਈ, 3 ਜਨਵਰੀ (ਕੁਲਜਿੰਦਰ ਸਿੰਘ ਗਿੱਲ)-ਪਿੰਡ ਵਾੜਾ ਭਾਈ ਕਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ ਇਹ ਨਗਰ ਕੀਰਤਨ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਇਆ ਤੇ ਵੱਖ ਵੱਖ ਪੜ੍ਹਾਵਾਂ 'ਤੇ ਭਾਈ ਨਛੱਤਰ ਸਿੰਘ ਸਮਾਲਸਰ ਦੇ ਜਥੇ ਨੇ ਵਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਨਗਰ ਕੀਰਤਨ ਦੌਰਾਨ ਬੀਬੀਆਂ ਨੂੰ ਵੀ ਪੰਜ ਪਿਆਰਿਆਂ ਦੀ ਸੇਵਾ ਨਿਭਾਉਣ ਦਾ ਮੌਕਾ ਦਿੱਤਾ ਗਿਆ ਤੇ ਇਸ ਮੌਕੇ ਕਰਮਵੀਰ ਕੌਰ, ਵੀਰਪਾਲ ਕੌਰ ਤੇ ਲਖਵੀਰ ਕੌਰ ਪੰਜ ਪਿਆਰਿਆਂ ਤੇ ਨਿਸ਼ਾਨਚੀ ਦੀ ਸੇਵਾ ਸੰਭਾਲ ਰਹੀਆਂ ਸਨ। ਇਸ ਦੌਰਾਨ ਸਟੇਜ ਸਕੱਤਰ ਦੇ ਫ਼ਰਜ਼ ਕੈਪਟਨ ਨਿਰਭੈ ਸਿੰਘ ਨਿਭਾਏ। ਇਸ ਸਮੇਂ ਕੈਪਟਨ ਕੁਲਦੀਪ ਸਿੰਘ, ਸੁਖਮਿੰਦਰ ਸਿੰਘ ਪ੍ਰਧਾਨ, ਵੀਰਪਾਲ ਸਿੰਘ, ਗੁਰਤੇਜ ਸਿੰਘ, ਭਾਈ ਗੁਰਦੇਵ ਸਿੰਘ ਗੁੰਥੀ, ਨਰਿੰਦਰ ਸਿੰਘ, ਅਜੈਬ ਸਿੰਘ ਆਦਿ ਪ੍ਰਬੰਧਕਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਤੇ ਹਾਜ਼ਰੀ ਲੁਆਈ। ਇਸ ਦੌਰਾਨ ਸ਼ਰਧਾਲੂਆਂ ਵਲੋਂ ਵੱਖ ਵੱਖ ਥਾਈਂ ਲੰਗਰ ਲਗਾ ਕੇ ਸੰਗਤਾਂ ਦੀ ਟਹਿਲ ਸੇਵਾ ਕੀਤੀ ਗਈ।

ਚੌਕਾਂ ਤੇ ਖੰਭਿਆਂ 'ਤੇ ਲੱਗੇ ਬੋਰਡ। ਤਸਵੀਰਾਂ: ਰਾਕੇਸ਼ ਚਾਵਲਾ

ਪ੍ਰਧਾਨ ਮੰਤਰੀ ਮੋਦੀ ਦੀ ਰੈਲੀ ਨੂੰ ਲੈ ਕੇ ਫ਼ਿਰੋਜ਼ਪੁਰ ਹੋਇਆ ਭਾਜਪਾਈ

ਚੌਕਾਂ ਖੰਭਿਆਂ ਤੇ ਇਮਾਰਤਾਂ 'ਤੇ ਮੋਦੀ ਦੇ ਲੱਗੇ ਬੋਰਡ

ਫ਼ਿਰੋਜ਼ਪੁਰ, 3 ਜਨਵਰੀ (ਰਾਕੇਸ਼ ਚਾਵਲਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਨੂੰ ਹੋਣ ਵਾਲੀ ਰੈਲੀ ਦੇ ਮੱਦੇਨਜ਼ਰ ਫ਼ਿਰੋਜ਼ਪੁਰ ਭਾਜਪਾ ਦੇ ਬੋਰਡਾਂ ਨਾਲ ਭਾਜਪਾਈ ਹੋ ਗਿਆ ਹੈ। ਫ਼ਿਰੋਜ਼ਪੁਰ ਅੰਦਰ ਖੰਭਿਆਂ, ਚੌਕਾਂ ਤੇ ਇਮਾਰਤਾਂ 'ਤੇ ਨਰਿੰਦਰ ਮੋਦੀ ਦੇ ਚਿੱਤਰ ਤੇ ਕਮਲ ਦੇ ਫੁੱਲ ਸਮੇਤ ਬੋਰਡ ਲਗਵਾਉਣ ਵਾਲੇ ਨੇਤਾਵਾਂ ਦੇ ਆਦਮ ਕੱਦ ਫਲੈਕਸ ਬੋਰਡ ਲੱਗ ਗਏ ਹਨ। ਇਸ ਸਬੰਧੀ ਬੋਰਡ ਲਗਾਉਣ ਵਾਲੇ ਇਕ ਵਿਅਕਤੀ ਨੇ ਦੱਸਿਆ ਕਿ ਉਹ ਪਿਛਲੇ ਤਿੰਨ ਦਿਨ ਤੋਂ ਰਾਤ-ਦਿਨ ਕਰਕੇ ਬੋਰਡ ਲਗਾ ਰਹੇ ਹਨ। ਇੱਥੋਂ ਤੱਕ ਕਿ ਦੋ ਦਿਨ ਤੋਂ ਨੀਂਦ ਵੀ ਪੂਰੀ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਰੈਲੀ ਵਿਚ ਫ਼ਿਰੋਜ਼ਪੁਰ ਨੂੰ ਕੁਝ ਮਿਲੇ ਜਾ ਨਹੀਂ, ਪਰ ਉਪ ਨੂੰ ਮੋਦੀ ਦੇ ਆਉਣ ਨਾਲ ਚੰਗਾ ਰੋਜ਼ਗਾਰ ਮਿਲ ਰਿਹਾ ਹੈ।

ਪਿੰਡ ਮਹਿਮਾ ਦੇ 2 ਦਰਜਨ ਪਰਿਵਾਰ ਕਾਂਗਰਸ ਛੱਡ ਕੇ ਅਕਾਲੀ ਦਲ 'ਚ ਸ਼ਾਮਿਲ

ਲੱਖੋ ਕੇ ਬਹਿਰਾਮ, 3 ਜਨਵਰੀ (ਰਾਜਿੰਦਰ ਸਿੰਘ ਹਾਂਡਾ)-ਵਿਧਾਨ ਸਭਾ ਹਲਕਾ ਗੁਰੂਹਰਸਹਾਏ ਅੰਦਰ ਸ਼੍ਰੋਮਣੀ ਅਕਾਲੀ ਦਲ ਤੇ ਬਸਪਾ ਦੇ ਸਾਂਝੇ ਉਮੀਦਵਾਰ ਵਰਦੇਵ ਸਿੰਘ ਨੋਨੀ ਮਾਨ ਦੀ ਚੋਣ ਮੁਹਿੰਮ ਨੂੰ ਉਸ ਵਕਤ ਹੋਰ ਹੁਲਾਰਾ ਮਿਲਿਆ, ਜਦੋਂ ਪਿੰਡ ਮਹਿਮਾ ਦੇ 2 ਦਰਜਨ ਪਰਿਵਾਰ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋ ਗਏ। ਕਾਂਗਰਸ ਛੱਡ ਅਕਾਲੀ ਦਲ ਵਿਚ ਸ਼ਾਮਿਲ ਹੋਣ ਵਾਲੇ ਇਨ੍ਹਾਂ ਪਰਿਵਾਰਾਂ ਨੂੰ ਨੋਨੀ ਮਾਨ ਵਲੋਂ ਸਿਰਪਾਓ ਪਾ ਸਵਾਗਤ ਕਰਦਿਆਂ ਪੂਰਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿਵਾਇਆ ਗਿਆ। ਇਸ ਮੌਕੇ ਜਥੇਦਾਰ ਲਖਵਿੰਦਰ ਸਿੰਘ ਮਹਿਮਾ, ਸਰਕਲ ਪ੍ਰਧਾਨ ਮੇਜਰ ਸਿੰਘ ਸੋਢੀ ਵਾਲਾ, ਆਈ.ਟੀ. ਵਿੰਗ ਦੇ ਇੰਚਾਰਜ ਜਸਪ੍ਰੀਤ ਸਿੰਘ ਮਾਨ, ਗੁਰਮੀਤ ਸਿੰਘ, ਨਿਸ਼ਾਨ ਸਿੰਘ ਸੰਧੂ, ਗਗਨ ਸਰਪੰਚ ਝੋਕ ਮੋਹੜੇ, ਜਗੀਰ ਸਿੰਘ, ਪ੍ਰਗਟ ਸਿੰਘ, ਗੁਰਜੰਟ ਸਿੰਘ ਮਹਿਮਾ ਤੇ ਹੋਰ ਹਾਜ਼ਰ ਸਨ।

ਪਿੰਡ ਮਹਿਮਾ ਵਿਖੇ ਕਾਂਗਰਸ ਛੱਡ ਅਕਾਲੀ ਦਲ ਵਿਚ ਸ਼ਾਮਿਲ ਹੋਣ ਵਾਲਿਆਂ ਦਾ ਸਵਾਗਤ ਕਰਦੇ ਹੋਏ ਵਰਦੇਵ ਸਿੰਘ ਮਾਨ। ਤਸਵੀਰ : ਰਾਜਿੰਦਰ ਸਿੰਘ ਹਾਂਡਾ